ਬਿਲਾਵਲੁ ਮਹਲਾ ੫ ॥ ਜਿਸ ਤੇ ਉਪਜਿਆ ਤਿਸਹਿ ਪਛਾਨੁ ॥ ਪਾਰਬ੍ਰਹਮੁ ਪਰਮੇਸਰੁ ਧਿਆਇਆ ਕੁਸਲ ਖੇਮ ਹੋਏ ਕਲਿਆਨ ॥ ੧॥ ਰਹਾਉ ॥ ਗੁਰੁ ਪੂਰਾ ਭੇਟਿਓ ਬਡ ਭਾਗੀ ਅੰਤਰਜਾਮੀ ਸੁਘੜੁ ਸੁਜਾਨੁ ॥ ਹਾਥ ਦੇਇ ਰਾਖੇ ਕਰਿ ਅਪਨੇ ਬਡ ਸਮਰਥੁ ਨਿਮਾਣਿਆ ਕੋ ਮਾਨੁ ॥੧॥ ਭ੍ਰਮ ਭੈ ਬਿਨਸਿ ਗਏ ਖਿਨ ਭੀਤਰਿ ਅੰਧਕਾਰ ਪ੍ਰਗਟੇ ਚਾਨਾਣੁ ॥ ਸਾਸਿ ਸਾਸਿ ਆਰਾਧੈ ਨਾਨਕੁ ਸਦਾ ਸਦਾ ਜਾਈਐ ਕੁਰਬਾਣੁ ॥੨॥੨੧॥੧੦੭॥ {ਪੰਨਾ 825}

ਪਦਅਰਥ:- ਜਿਸ ਤੇ—ਜਿਸ (ਪਰਮਾਤਮਾ) ਤੋਂ {ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਤੇ' ਦੇ ਕਾਰਨ ਉੱਡ ਗਿਆ ਹੈ}। ਤੇ—ਤੋਂ। ਤਿਸਹਿ—ਤਿਸੁ ਹੀ, ਉਸ ਨੂੰ ਹੀ। ਪਛਾਣ—ਸਾਂਝ ਪਾ। ਕੁਸਲ ਖੇਮ—ਸੁਖ-ਸਾਂਦ।1। ਰਹਾਉ।

ਭੇਟਿਓ—ਮਿਲਿਆ। ਬਡਭਾਗੀ—ਜਿਸ ਵੱਡੇ ਭਾਗਾਂ ਵਾਲੇ ਨੂੰ। ਸੁਘੜੁ—ਸੋਹਣਾ। ਸੁਜਾਨੁ—ਸਿਆਣਾ। ਦੇਇ—ਦੇ ਕੇ।1।

ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ} ਸਾਰੇ ਡਰ। ਅੰਧਕਾਰ—ਹਨੇਰਾ। ਚਾਨਾਣੁ—ਚਾਨਣ। ਸਾਸਿ ਸਾਸਿ—ਹਰੇਕ ਸਾਹ ਦੇ ਨਾਲ। ਕੁਰਬਾਣੁ—ਸਦਕੇ।2।

ਅਰਥ:- ਹੇ ਭਾਈ! ਜਿਸ ਪਰਮਾਤਮਾ ਤੋਂ ਤੂੰ ਪੈਦਾ ਹੋਇਆ ਹੈਂ, ਉਸ ਨਾਲ ਹੀ (ਸਦਾ) ਸਾਂਝ ਪਾਈ ਰੱਖ। ਜਿਸ ਮਨੁੱਖ ਨੇ ਉਸ ਪਾਰਬ੍ਰਹਮ ਪਰਮੇਸਰ ਦਾ ਨਾਮ ਸਿਮਰਿਆ ਹੈ ਉਸ ਦੇ ਅੰਦਰ ਸ਼ਾਂਤੀ ਸੁਖ ਆਨੰਦ ਬਣੇ ਰਹਿੰਦੇ ਹਨ।1। ਰਹਾਉ।

ਹੇ ਭਾਈ! ਜਿਨ੍ਹਾਂ ਵੱਡੇ ਭਾਗਾਂ ਵਾਲੇ ਬੰਦਿਆਂ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਉਹਨਾਂ ਨੂੰ ਹੱਥ ਦੇ ਕੇ ਆਪਣੇ ਬਣਾ ਕੇ ਉਹ ਪਰਮਾਤਮਾ (ਸਭ ਡਰਾਂ ਭਰਮਾਂ ਤੋਂ) ਬਚਾਈ ਰੱਖਦਾ ਹੈ ਜੋ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ, ਸੋਹਣਾ ਤੇ ਸਿਆਣਾ ਹੈ, ਜੋ ਵੱਡੀ ਤਾਕਤ ਦਾ ਮਾਲਕ ਹੈ ਅਤੇ ਜੋ ਨਿਮਾਣਿਆਂ ਨੂੰ ਆਦਰ-ਮਾਣ ਦੇਣ ਵਾਲਾ ਹੈ।1।

(ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ, ਉਸ ਦੇ) ਸਾਰੇ ਡਰ ਭਰਮ ਖਿਨ ਵਿਚ ਨਾਸ ਹੋ ਜਾਂਦੇ ਹਨ, (ਉਸ ਦੇ ਅੰਦਰੋਂ ਮੋਹ ਦਾ) ਹਨੇਰਾ ਦੂਰ ਹੋ ਕੇ (ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ। ਨਾਨਕ (ਤਾਂ) ਹਰੇਕ ਸਾਹ ਦੇ ਨਾਲ (ਉਸੇ ਪਰਮਾਤਮਾ ਨੂੰ) ਸਿਮਰਦਾ ਹੈ। (ਹੇ ਭਾਈ! ਉਸ ਪਰਮਾਤਮਾ ਤੋਂ) ਸਦਾ ਸਦਕੇ ਜਾਣਾ ਚਾਹੀਦਾ ਹੈ।2। 21। 107।